# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

## 08:30

**ਮਿਤੀ: 26-10-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- 12ਵਾਂ ਬ੍ਰਿਕਸ ਸੰਸਦੀ ਸੰਮੇਲਨ ਅੱਜ ਨਵੀਂ ਦਿੱਲੀ ਵਿੱਚ ਸ਼ੁਰੂ ਹੋਵੇਗਾ- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵੱਖ-ਵੱਖ ਦੇਸ਼ਾਂ ਦੇ ਨੁਮਾਇੰਦਿਆਂ ਨਾਲ ਮੁਲਾਕਾਤ ਕਰਨਗੇ।

- ਵਿਦੇਸ਼ ਮੰਤਰੀ ਡਾ. ਐਸ. ਜੈਸ਼ੰਕਰ ਨੇ ਕਿਹਾ -ਦਹਿਸ਼ਤਗਰਦੀ ਨੂੰ ਸਰਕਾਰੀ ਨੀਤੀ ਦੇ ਸਾਧਨ ਵਜੋਂ ਇਸਤੇਮਾਲ ਕਰਨਾ ਪੂਰੀ ਤਰ੍ਹਾਂ ਅਸਵੀਕਾਰਨਯੋਗ ਏ ਅਤੇ ਇਸਨੂੰ ਕਿਸੇ ਵੀ ਤਰ੍ਹਾਂ ਜਾਇਜ਼ ਨਹੀਂ ਠਹਿਰਾਇਆ ਜਾ ਸਕਦਾ।

- ਇਸਰੋ ਦੇ ਚੇਅਰਮੈਨ ਵੀ. ਨਾਰਾਇਣਨ ਨੇ ਕਿਹਾ -ਭਾਰਤ ਸਾਲ 2029 ਤੱਕ, ਚਾਰ ਸਰਗਰਮ ਪਰੀਖਣ ਸਥਾਨਾਂ ਨਾਲ ਆਪਣੀਆਂ ਪੁਲਾੜ ਗਤੀਵਿਧੀਆਂ ਦਾ ਵੱਡੇ ਪੱਧਰ 'ਤੇ ਵਿਸਥਾਰ ਕਰੇਗਾ।

- ਪੰਜਾਬ ਸਮੇਤ ਦੇਸ਼ ਭਰ ਵਿੱਚ ਅੱਜ ਮਹਾਰਿਸ਼ੀ ਵਾਲਮੀਕਿ ਜੈਅੰਤੀ ਮਨਾਈ ਜਾ ਰਹੀ ਏ।

- ਮਹਿਲਾ ਕ੍ਰਿਕੇਟ ਵਿੱਚ, ਭਾਰਤ ਨੇ ਵਡੋਦਰਾ ਵਿੱਚ ਦੂਜੇ ਇੱਕ ਰੋਜ਼ਾ ਮੈਚ ਵਿੱਚ, ਜ਼ਿੰਬਾਬਵੇ ਨੂੰ 121 ਦੌੜਾਂ ਨਾਲ ਹਰਾ ਕੇ, ਤਿੰਨ ਮੈਚਾਂ ਦੀ ਲੜੀ ਵਿੱਚ 2-0 ਦੀ ਲੀਡ ਹਾਸਿਲ ਕੀਤੀ।

## *ਹੁਣ ਖਬਰਾਂ ਵਿਸਥਾਰ ਨਾਲ*

12ਵਾਂ ਬ੍ਰਿਕਸ ਸੰਸਦੀ ਸੰਮੇਲਨ ਅੱਜ ਨਵੀਂ ਦਿੱਲੀ ਵਿੱਚ ਸ਼ੁਰੂ ਹੋਵੇਗਾ। ਇਸ ਦੋ-ਰੋਜ਼ਾ ਸਮਾਗਮ ਦਾ ਵਿਸ਼ਾ "ਲੋਕ-ਕੇਂਦ੍ਰਿਤ ਵਿਕਾਸ ਲਈ ਸੰਸਦਾਂ ਨੂੰ ਸਸ਼ਕਤ ਬਣਾਉਣਾ" ਏ।

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਇਸ ਸਮਾਰੋਹ ਵਿੱਚ ਸ਼ਾਮਲ ਹੋਣਗੇ ਅਤੇ ਵੱਖ-ਵੱਖ ਦੇਸ਼ਾਂ ਦੇ ਨੁਮਾਇੰਦਿਆਂ ਨਾਲ ਮੁਲਾਕਾਤ ਕਰਨਗੇ। ਇਸ ਮੌਕੇ 11 ਬ੍ਰਿਕਸ ਮੈਂਬਰ ਦੇਸ਼ਾਂ ਅਤੇ 10 ਭਾਈਵਾਲ ਦੇਸ਼ਾਂ ਨੂੰ ਸੱਦਾ ਦਿੱਤਾ ਗਿਆ ਏ। ਇਨ੍ਹਾਂ ਦੇਸ਼ਾਂ ਦੇ ਸੰਸਦੀ ਨੁਮਾਇੰਦੇ, ਮੰਡਲ ਮੀਟਿੰਗ ਵਿੱਚ ਹਿੱਸਾ ਲੈਣਗੇ।

---------------------------------------------

ਲੋਕ ਸਭਾ ਦੇ ਸਪੀਕਰ ਅਤੇ 12ਵੇਂ ਬ੍ਰਿਕਸ ਸੰਸਦੀ ਫੋਰਮ ਦੇ ਚੇਅਰਮੈਨ ਓਮ ਬਿਰਲਾ ਨੇ ਕਿਹਾ ਕਿ ਬ੍ਰਿਕਸ ਸਮੂਹ ਗਲੋਬਲ ਸਾਊਥ ਦੀ ਇੱਕ ਮਜ਼ਬੂਤ ਆਵਾਜ਼ ਅਤੇ ਬਹੁਪੱਖੀ ਪ੍ਰਣਾਲੀ ਨੂੰ ਮਜ਼ਬੂਤ ਕਰਨ ਵਾਲੀ ਇੱਕ ਵੱਡੀ ਸ਼ਕਤੀ ਵਜੋਂ ਉਭਰਿਆ ਏ।

ਇੱਕ ਰੋਜ਼ਾਨਾ ਅਖਬਾਰ ਵਿੱਚ ਇੱਕ ਲੇਖ ਵਿੱਚ, ਸ਼੍ਰੀ ਬਿਰਲਾ ਨੇ ਕਿਹਾ ਕਿ ਬ੍ਰਿਕਸ ਦੇਸ਼ਾਂ ਵਿੱਚ ਵਧ ਰਹੇ ਸਹਿਯੋਗ ਨੇ ਬ੍ਰਿਕਸ ਸੰਸਦੀ ਫੋਰਮ ਰਾਹੀਂ, ਸੰਸਦੀ ਪੱਧਰ 'ਤੇ ਸਬੰਧਾਂ ਨੂੰ ਵੀ ਮਜ਼ਬੂਤ ਕੀਤਾ ਏ।

ਉਨ੍ਹਾਂ ਕਿਹਾ ਕਿ ਭਾਰਤ, ਨਵੀਂ ਦਿੱਲੀ ਵਿੱਚ 12ਵੇਂ ਬ੍ਰਿਕਸ ਸੰਸਦੀ ਫੋਰਮ ਦੀ ਮੇਜ਼ਬਾਨੀ ਕਰ ਰਿਹਾ ਏ। ਇਸਦਾ ਉਦੇਸ਼ ਬ੍ਰਿਕਸ ਮੈਂਬਰ ਅਤੇ ਭਾਈਵਾਲ ਮੁਲਕਾਂ ਵਿੱਚ ਸੰਸਦੀ ਸੰਵਾਦ, ਸਹਿਯੋਗ ਅਤੇ ਸਾਂਝੇ ਉਪਰਾਲਿਆਂ ਨੂੰ ਮਜ਼ਬੂਤ ਕਰਨਾ ਏ।

ਸ਼੍ਰੀ ਬਿਰਲਾ ਨੇ ਕਿਹਾ ਕਿ ਫੋਰਮ ਦੇ ਚਾਰ ਵਿਸ਼ੇਸ਼ ਪੂਰਨ ਸੈਸ਼ਨ ਇਸ ਗੱਲ 'ਤੇ ਚਰਚਾ ਕਰਨਗੇ ਕਿ, ਸਾਰੀਆਂ ਸੰਸਦ 2026 ਦੇ ਬ੍ਰਿਕਸ ਸੰਮੇਲਨ ਵਿੱਚ ਹੋਈ ਸਹਿਮਤੀ ਨੂੰ, ਆਪੋ ਆਪਣੇ ਦੇਸ਼ਾਂ ਦੀਆਂ ਨੀਤੀਆਂ ਅਤੇ ਪ੍ਰੋਗਰਾਮਾਂ ਵਿੱਚ ਲਾਗੂ ਕਰਨ ਵਿੱਚ ਕਿਵੇਂ ਯੋਗਦਾਨ ਪਾ ਸਕਦੀਆਂ ਨੇ।

ਉਨ੍ਹਾਂ ਕਿਹਾ ਕਿ ਬ੍ਰਿਕਸ ਦੇਸ਼ਾਂ ਦੀਆਂ ਸੰਸਦਾਂ ਸ਼ਾਸਨ ਲਈ ਇੱਕ ਨੈਤਿਕ ਢਾਂਚੇ ਵਜੋਂ ਕੰਮ ਕਰਦੀਆਂ ਨੇ, ਜੋ ਲੋਕਾਂ ਦੀ ਲੋਕਤੰਤਰੀ ਭਾਵਨਾ ਨੂੰ ਸੇਧ ਦਿੰਦੀਆਂ ਨੇ। ਸ਼੍ਰੀ ਬਿਰਲਾ ਨੇ ਜ਼ੋਰ ਦੇ ਕੇ ਕਿਹਾ ਕਿ 12ਵਾਂ ਬ੍ਰਿਕਸ ਸੰਸਦੀ ਫੋਰਮ ਇਹ ਸੁਨੇਹਾ ਦੇਣ ਦਾ ਇੱਕ ਮੌਕਾ ਏ ਕਿ ਦੁਨੀਆ ਦੇ ਹਰ ਨਾਗਰਿਕ ਨੂੰ ਆਲਮੀ ਸ਼ਾਸਨ ਪ੍ਰਣਾਲੀ ਵਿੱਚ ਹਿੱਸਾ ਲੈਣਾ ਚਾਹੀਦਾ ਏ।

-----------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦੇਸ਼ ਦੇ ਬੈਂਕਿੰਗ ਸਿਸਟਮ ਨੂੰ ਸਾਈਬਰ ਦਹਿਸ਼ਤਗਰਦਾਂ ਤੋਂ ਬਚਾਉਣ ਦੀ ਲੋੜ 'ਤੇ ਜ਼ੋਰ ਦਿੱਤਾ ਏ। ਸ਼੍ਰੀ ਮੋਦੀ ਨੇ ਚੇਤਾਵਨੀ ਦਿੱਤੀ ਕਿ ਆਧੁਨਿਕ ਜੰਗ ਨਾ ਸਿਰਫ਼ ਰਵਾਇਤੀ ਸਾਧਨਾਂ ਰਾਹੀਂ ਲੜੇ ਜਾ ਰਹੇ ਨੇ। ਸ਼੍ਰੀ ਮੋਦੀ ਕੱਲ੍ਹ ਸ਼ਾਮ ਓਡੀਸ਼ਾ ਦੇ ਭੁਵਨੇਸ਼ਵਰ ਨੇੜੇ ਜਟਨੀ ਵਿਖੇ ਭਾਰਤੀ ਰਿਜ਼ਰਵ ਬੈਂਕ ਦੇ ਡੇਟਾ ਸੈਂਟਰ ਅਤੇ ਸਾਈਬਰ ਸੁਰੱਖਿਆ ਸਿਖਲਾਈ ਸੰਸਥਾ ਦਾ ਉਦਘਾਟਨ ਕਰਨ ਤੋਂ ਬਾਅਦ ਬੋਲ ਰਹੇ ਸਨ।

**BYTE: PM CYBER TERRORISM**

ਇਸ ਮੌਕੇ 'ਤੇ, ਉਨ੍ਹਾਂ ਕਿਹਾ ਕਿ ਇਹ ਨਵੀਆਂ ਸਹੂਲਤਾਂ ਦੇਸ਼ ਦੀ ਬੈਂਕਿੰਗ ਪ੍ਰਣਾਲੀ ਨੂੰ ਉੱਭਰ ਰਹੇ ਸਾਈਬਰ ਖਤਰਿਆਂ ਤੋਂ ਬਚਾਉਣ ਵਿੱਚ ਮਦਦ ਕਰਨਗੀਆਂ।

ਜ਼ਿਕਰਯੋਗ ਏ ਕਿ, ਲਗਭਗ 170 ਕਰੋੜ ਦੀ ਲਾਗਤ ਨਾਲ ਬਣਿਆ ਇਹ ਡੇਟਾ ਸੈਂਟਰ, ਮਹੱਤਵਪੂਰਨ ਵਿੱਤੀ ਡੇਟਾ ਦੀ ਸੁਰੱਖਿਆ ਨੂੰ ਮਜ਼ਬੂਤ ਕਰੇਗਾ ਅਤੇ ਭਾਰਤ ਦੇ ਡਿਜੀਟਲ ਵਿੱਤੀ ਬੁਨਿਆਦੀ ਢਾਂਚੇ ਦੀ ਭਰੋਸੇਯੋਗਤਾ ਨੂੰ ਵਧਾਏਗਾ। ਇਹ ਰਿਜ਼ਰਵ ਬੈਂਕ ਦੇ ਮਹੱਤਵਪੂਰਨ ਅਦਾਇਗੀ ਅਤੇ ਬੰਦੋਬਸਤ ਪ੍ਰਣਾਲੀਆਂ ਦਾ ਵੀ ਸਮਰਥਨ ਕਰੇਗਾ।

ਸ਼੍ਰੀ ਮੋਦੀ ਨੇ ਕਿਹਾ ਕਿ ਭਾਰਤ ਦੁਨੀਆ ਦੇ ਸਭ ਤੋਂ ਕੁਸ਼ਲ ਬੈਂਕਿੰਗ ਖੇਤਰਾਂ ਵਿੱਚੋਂ ਇੱਕ ਬਣ ਗਿਆ ਏ ਅਤੇ ਲੋਕਾਂ ਕੋਲ ਹੁਣ 24 ਘੰਟੇ ਬੈਂਕਿੰਗ ਸੇਵਾਵਾਂ ਤੱਕ ਪਹੁੰਚ ਏ। ਉਨ੍ਹਾਂ ਨੇ ਕਰੀਬ 60 ਕਰੋੜ ਜਨ ਧਨ ਖਾਤਿਆਂ ਅਤੇ

ਕ੍ਰੈਡਿਟ, ਬੀਮਾ ਅਤੇ ਪੈਨਸ਼ਨ ਸਕੀਮਾਂ ਤੱਕ ਵਧਦੀ ਪਹੁੰਚ ਦਾ ਵੀ ਜ਼ਿਕਰ ਕੀਤਾ।

ਸ੍ਰੀ ਮੋਦੀ ਨੇ ਇਹ ਭਰੋਸਾ ਪ੍ਰਗਟਾਇਆ ਕਿ, ਰਿਜ਼ਰਵ ਬੈਂਕ ਦੀਆਂ ਇਹ ਨਵੀਆਂ ਸਹੂਲਤਾਂ ਦੇਸ਼ ਦੀ ਵਿੱਤੀ ਸੁਰੱਖਿਆ ਨੂੰ ਮਜ਼ਬੂਤ ਕਰਨਗੀਆਂ।

---------------------------------------------------------------

ਵਿਦੇਸ਼ ਮੰਤਰੀ ਡਾ. ਐਸ. ਜੈਸ਼ੰਕਰ ਨੇ ਕਿਹਾ ਕਿ ਦਹਿਸ਼ਤਗਰਦੀ ਨੂੰ ਸਰਕਾਰੀ ਨੀਤੀ ਦੇ ਸਾਧਨ ਵਜੋਂ ਇਸਤੇਮਾਲ ਕਰਨਾ ਪੂਰੀ ਤਰ੍ਹਾਂ ਅਸਵੀਕਾਰਨਯੋਗ ਏ ਅਤੇ ਇਸਨੂੰ ਕਿਸੇ ਵੀ ਤਰ੍ਹਾਂ ਜਾਇਜ਼ ਨਹੀਂ ਠਹਿਰਾਇਆ ਜਾ ਸਕਦਾ। ਉਨ੍ਹਾਂ ਕਿਹਾ ਕਿ ਸਾਰੇ ਮੁਲਕਾਂ ਵਲੋਂ ਦਹਿਸ਼ਤਗਰਦੀ ਖਿਲਾਫ 'ਬਿਲਕੁਲ ਵੀ ਬਰਦਾਸ਼ਤ ਨਾ ਕਰਨ ਦੀ ਨੀਤੀ' ਨਾ ਅਪਣਾਏ ਜਾਣ ਕਾਰਨ, ਦਹਿਸ਼ਤਗਰਦੀ ਜਾਰੀ ਏ।

**BYTE: JAISHANKAR**

ਡਾ. ਜੈਸ਼ੰਕਰ ਕੱਲ੍ਹ ਨਵੀਂ ਦਿੱਲੀ ਵਿੱਚ, ਚਿਨਮਈਆ ਮਿਸ਼ਨ ਦੀ 75ਵੀਂ ਵਰ੍ਹੇਗੰਢ ਮਨਾਉਣ ਲਈ, ਇੱਕ ਸਮਾਗਮ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਦੁਨੀਆ ਨੂੰ ਦਹਿਸ਼ਤਗਰਦੀ ਦੇ ਸਾਂਝੇ ਖ਼ਤਰੇ ਬਾਰੇ ਵਧੇਰੇ ਚੌਕਸ ਰਹਿਣਾ ਚਾਹੀਦਾ ਏ ਅਤੇ ਇਸਦੇ ਸਾਰੇ ਰੂਪਾਂ ਦਾ ਮੁਕਾਬਲਾ ਕਰਨ ਲਈ, ਠੋਸ ਉਪਰਾਲੇ ਕਰਨੇ ਚਾਹੀਦੇ ਨੇ।

ਦੁਨੀਆ ਵਿੱਚ ਚੱਲ ਰਹੇ ਟਕਰਾਵਾਂ ਦੇ ਵਿਚਕਾਰ ਸ਼ਾਂਤੀ ਦੀ ਮਹੱਤਤਾ 'ਤੇ ਜ਼ੋਰ ਦਿੰਦੇ ਹੋਏ, ਵਿਦੇਸ਼ ਮੰਤਰੀ ਨੇ ਕਿਹਾ ਕਿ ਕਿਤੇ ਵੀ ਜੰਗ ਹਰ ਜਗ੍ਹਾ

ਸ਼ਾਂਤੀ ਲਈ ਖ਼ਤਰਾ ਏ। ਯੂਕਰੇਨ ਅਤੇ ਪੱਛਮੀ ਏਸ਼ੀਆ ਵਿੱਚ ਦੋ ਵੱਡੇ ਟਕਰਾਵਾਂ ਦਾ ਹਵਾਲਾ ਦਿੰਦੇ ਹੋਏ, ਉਨ੍ਹਾਂ ਕਿਹਾ ਕਿ ਸਮਾਜ, ਅਰਥ-ਵਿਵਸਥਾਵਾਂ ਅਤੇ ਇੱਥੋਂ ਤੱਕ ਕਿ ਆਮ ਲੋਕ, ਜੋ ਇਨ੍ਹਾਂ ਟਕਰਾਵਾਂ ਤੋਂ ਦੂਰ ਰਹਿੰਦੇ ਨੇ, ਉਨ੍ਹਾਂ ਨੂੰ ਇਸਦੀ ਕੀਮਤ ਚੁਕਾਉਣੀ ਪੈ ਰਹੀ ਏ।

---------------------------------------------------------------

ਇਸਰੋ ਦੇ ਚੇਅਰਮੈਨ ਵੀ. ਨਾਰਾਇਣਨ ਨੇ ਕਿਹਾ ਏ ਕਿ ਭਾਰਤ ਸਾਲ 2029 ਤੱਕ, ਚਾਰ ਸਰਗਰਮ ਪਰੀਖਣ ਸਥਾਨਾਂ ਨਾਲ ਆਪਣੀਆਂ ਪੁਲਾੜ ਗਤੀਵਿਧੀਆਂ ਦਾ ਵੱਡੇ ਪੱਧਰ 'ਤੇ ਵਿਸਥਾਰ ਕਰੇਗਾ। ਉਨ੍ਹਾਂ ਕਿਹਾ ਕਿ ਇਸ ਵਿੱਚ ਤਾਮਿਲਨਾਡੂ ਦੇ ਟੂਟੀ-ਕੋਰਿਨ ਜ਼ਿਲ੍ਹੇ ਦੇ ਕੁਲ-ਸ਼ੇਖਰ-ਪੱਟੀਨਮ ਵਿਖੇ ਛੋਟੇ ਉਪਗ੍ਰਹਿ ਪਰੀਖਣ ਵਾਹਨ - SSLV ਲਈ ਦੋ ਹਜ਼ਾਰ ਏਕੜ ਵਿੱਚ ਫੈਲਿਆ ਇੱਕ ਵਿਸ਼ੇਸ਼ ਕੰਪਲੈਕਸ ਅਤੇ ਸ਼੍ਰੀਹਰੀਕੋਟਾ ਵਿੱਚ ਤੀਜਾ ਪਰੀਖਣ ਸਥਾਨ ਸ਼ਾਮਲ ਏ। ਇਨ੍ਹਾਂ ਦਾ ਉਦੇਸ਼, ਉਪਗ੍ਰਹਿ ਪਰੀਖਣ ਦੀ ਵੱਧ ਰਹੀ ਆਲਮੀ ਮੰਗ ਨੂੰ ਪੂਰਾ ਕਰਨਾ ਏ। ਉਹ ਚੇਨਈ ਨੇੜੇ ਪੋਰੂਰ ਵਿੱਚ, ਇੱਕ ਨਿੱਜੀ ਯੂਨੀਵਰਸਿਟੀ ਦੇ ਕਨਵੋਕੇਸ਼ਨ ਸਮਾਰੋਹ ਨੂੰ ਸੰਬੋਧਨ ਕਰ ਰਹੇ ਸਨ।

ਸ਼੍ਰੀ ਨਾਰਾਇਣਨ ਨੇ ਕਿਹਾ ਕਿ ਕੁਲਸ਼ੇਖਰ-ਪੱਟੀਨਮ ਵਿਖੇ ਬਣਾਏ ਜਾ ਰਹੇ ਪੁਲਾੜ ਕੇਂਦਰ ਵਿੱਚ, ਉਪਗ੍ਰਹਿ ਅਤੇ ਪਰੀਖਣ ਵਾਹਨ ਨੂੰ ਜੋੜਨ ਵਾਲੀਆਂ ਇਮਾਰਤਾਂ, ਲਾਂਚ ਪੈਡ, ਰੇਲ ਟਰੈਕ ਸਿਸਟਮ, ਟਰੈਕਿੰਗ ਅਤੇ ਕਮਾਂਡ ਸਿਸਟਮ ਵਰਗੀਆਂ ਮਹੱਤਵਪੂਰਨ ਸਹੂਲਤਾਂ ਹੋਣਗੀਆਂ।

ਇਸਰੋ ਦੇ ਚੇਅਰਮੈਨ ਨੇ ਕਿਹਾ ਕਿ ਗਗਨਯਾਨ ਮਿਸ਼ਨ ਤਹਿਤ, ਅਗਲੇ ਦੋ ਮਹੀਨਿਆਂ ਵਿੱਚ ਪਹਿਲਾ ਮਨੁੱਖ ਰਹਿਤ ਪਰੀਖਣ ਕਰਨ ਦੀ ਯੋਜਨਾ ਏ। ਇਸ ਤੋਂ ਬਾਅਦ, ਪੁਲਾੜ ਯਾਤਰੀਆਂ ਨੂੰ ਭੇਜਣ ਤੋਂ ਪਹਿਲਾਂ, ਦੋ ਹੋਰ ਮਾਨਵ ਰਹਿਤ ਪਰੀਖਣ ਕੀਤੇ ਜਾਣਗੇ। ਇਨ੍ਹਾਂ ਪ੍ਰੀਖਣਾਂ ਦੌਰਾਨ, ਤਾਪਮਾਨ, ਦਬਾਅ ਅਤੇ ਨਮੀ ਦੀਆਂ ਵੱਖੋ-ਵੱਖ ਸਥਿਤੀਆਂ ਵਿੱਚ, ਵਾਤਾਵਰਣ ਨਿਯੰਤਰਣ, ਸੁਰੱਖਿਆ ਪ੍ਰਣਾਲੀਆਂ, ਪੁਲਾੜ ਯਾਤਰੀਆਂ ਦੀ ਸੁਰੱਖਿਅਤ ਨਿਕਾਸੀ ਦੀ ਵਿਵਸਥਾ ਅਤੇ ਪੁਲਾੜ ਯਾਨ ਦੇ ਅੰਦਰੂਨੀ ਹਿੱਸਿਆਂ ਦੀ ਜਾਂਚ ਕੀਤੀ ਜਾਵੇਗੀ।

---------------------------------------------------------------

ਪੰਜਾਬ ਸਮੇਤ ਦੇਸ਼ ਭਰ ਵਿੱਚ ਅੱਜ ਮਹਾਰਿਸ਼ੀ ਵਾਲਮੀਕਿ ਜੈਅੰਤੀ ਮਨਾਈ ਜਾ ਰਹੀ ਏ। ਪਵਿੱਤਰ ਰਾਮਾਇਣ ਦੀ ਰਚਨਾ ਕਰਨਾ ਵਾਲੇ ਮਹਾਰਿਸ਼ੀ ਵਾਲਮੀਕਿ ਨੂੰ 'ਆਦਿਕਵੀ' ਵਜੋਂ ਵੀ ਜਾਣਿਆ ਜਾਂਦਾ ਏ।

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਮਹਾਰਿਸ਼ੀ ਵਾਲਮੀਕਿ ਜਯੰਤੀ ਦੇ ਮੌਕੇ 'ਤੇ ਦੇਸ਼ ਵਾਸੀਆਂ ਨੂੰ ਵਧਾਈ ਦਿੱਤੀ ਏ।

ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਉਨ੍ਹਾਂ ਕਿਹਾ ਕਿ ਮਹਾਰਿਸ਼ੀ ਵਾਲਮੀਕਿ ਵੱਲੋਂ ਲਿਖਿਤ ਮਹਾਂਕਾਵਿ 'ਰਾਮਾਇਣ' ਤੋਂ ਹਰ ਕੋਈ ਬਿਨਾਂ ਕਿਸੇ ਕਠਿਨਾਈ ਦੇ ਕਰਤੱਵ, ਚੰਗੇ ਆਚਰਣ, ਨਿਸਵਾਰਥ ਕਾਰਜ, ਦੂਜਿਆਂ ਦੀ ਭਲਾਈ, ਦੋਸਤੀ, ਧਰਮ ਅਤੇ ਸਮਰਪਣ ਬਾਰੇ ਸਿੱਖਿਆਵਾਂ ਪ੍ਰਾਪਤ ਕਰ ਸਕਦਾ ਏ।

---

ਏਧਰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮਹਾਰਿਸ਼ੀ ਭਗਵਾਨ ਵਾਲਮੀਕਿ ਜੀ ਦੇ ਪ੍ਰਕਾਸ਼ ਪੁਰਬ ਦੇ ਸਬੰਧ ਵਿੱਚ ਧੂਰੀ ਦੀ ਗਾਂਧੀ ਬਸਤੀ ਵਿਖੇ ਵਿਸ਼ਾਲ ਸ਼ੋਭਾ ਯਾਤਰਾ ਨੂੰ ਰਵਾਨਾ ਕੀਤਾ।

---

ਉਪ ਰਾਸ਼ਟਰਪਤੀ ਸੀ. ਪੀ. ਰਾਧਾਕ੍ਰਿਸ਼ਨਨ ਅੱਜ ਤੋਂ ਆਂਧਰਾ ਪ੍ਰਦੇਸ਼ ਦੇ ਦੋ ਦਿਨਾਂ ਦੌਰੇ 'ਤੇ ਹੋਣਗੇ। ਇਸ ਦੌਰੇ ਦੌਰਾਨ, ਉਹ ਵਿਜੈਵਾੜਾ ਵਿਖੇ ਡਾ. ਐਨ.ਟੀ.ਆਰ. ਸਿਹਤ ਵਿਗਿਆਨ ਯੂਨੀਵਰਸਿਟੀ ਦੇ 40ਵੇਂ ਸਥਾਪਨਾ ਦਿਵਸ ਸਮਾਰੋਹ ਵਿੱਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਣਗੇ।

ਇਸ ਤੋਂ ਬਾਅਦ, ਉਹ ਤਿਰੂਪਤੀ ਦੇ ਸ੍ਰੀ ਵੈਂਕਟੇਸ਼ਵਰ ਸਵਾਮੀ ਮੰਦਰ ਵਿੱਚ ਪੂਜਾ-ਅਰਚਨਾ ਕਰਨਗੇ।

---

ਭਾਰਤੀ ਜਨਤਾ ਪਾਰਟੀ ਨੇ ਅੱਜ ਕਾਂਗਰਸ ਪਾਰਟੀ ਦੇ "ਮਾੜੇ ਵਿਵਹਾਰ" ਖਿਲਾਫ ਦੇਸ਼ ਵਿਆਪੀ ਵਿਰੋਧ ਪ੍ਰਦਰਸ਼ਨ ਦਾ ਐਲਾਨ ਕੀਤਾ ਏ। ਪਾਰਟੀ ਵਲੋਂ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਸਵਰਗੀ ਪਿਤਾ ਬਾਰੇ ਕਾਂਗਰਸ ਪ੍ਰਧਾਨ ਮੱਲਿਕਾਰਜੁਨ ਖੜਗੇ ਦੀ ਕਥਿਤ ਅਪਮਾਨਜਨਕ ਟਿੱਪਣੀ ਦੇ

ਵਿਰੋਧ ਵਿੱਚ ਅੱਜ ਦੇਸ਼ ਭਰ ਦੇ ਆਪਣੇ ਸਾਰੇ ਰਾਜ ਸਦਰ ਮੁਕਾਮ 'ਤੇ ਪ੍ਰਦਰਸ਼ਨ ਕੀਤਾ ਜਾਵੇਗਾ।

ਓਧਰ ਗ੍ਰਹਿ ਮੰਤਰੀ ਅਤੇ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਨੇਤਾ ਅਮਿਤ ਸ਼ਾਹ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਇਲਜ਼ਾਮ ਲਗਾਇਆ ਏ ਕਿ, ਕਾਂਗਰਸੀ ਨੇਤਾਵਾਂ ਨੇ ਪਹਿਲਾਂ ਵੀ ਪ੍ਰਧਾਨ ਮੰਤਰੀ ਮੋਦੀ ਦੀ ਮਾਤਾ ਦਾ ਅਪਮਾਨ ਕੀਤਾ ਅਤੇ ਉਨ੍ਹਾਂ ਦੀ ਗਰੀਬੀ ਦਾ ਮਜ਼ਾਕ ਉਡਾਇਆ ਸੀ। ਉਨ੍ਹਾਂ ਕਿਹਾ ਕਿ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਦੀ ਅਗਵਾਈ ਹੇਠ, ਕਾਂਗਰਸ ਪਾਰਟੀ, ਹਰ ਰੋਜ਼ ਮਾੜੀ ਬਿਆਨਬਾਜ਼ੀ ਦੀਆਂ ਹੱਦਾਂ ਪਾਰ ਕਰ ਰਹੀ ਏ।

---------------------------------------------------

ਮਹਿਲਾ ਕ੍ਰਿਕੇਟ ਵਿੱਚ, ਭਾਰਤ ਨੇ ਵਡੋਦਰਾ ਵਿੱਚ ਦੂਜੇ ਇੱਕ ਰੋਜ਼ਾ ਮੈਚ ਵਿੱਚ, ਜ਼ਿੰਬਾਬਵੇ ਨੂੰ 121 ਦੌੜਾਂ ਨਾਲ ਹਰਾ ਕੇ, ਤਿੰਨ ਮੈਚਾਂ ਦੀ ਲੜੀ ਵਿੱਚ 2-0 ਦੀ ਲੀਡ ਹਾਸਿਲ ਕਰ ਲਈ ਏ।

ਪਹਿਲਾਂ ਭਾਰਤ ਨੇ ਬੱਲੇਬਾਜ਼ੀ ਕਰਦਿਆਂ, ਨਿਰਧਾਰਤ 50 ਓਵਰਾਂ ਵਿੱਚ 6 ਵਿਕਟਾਂ ਦੇ ਨੁਕਸਾਨ 'ਤੇ 328 ਦੌੜਾਂ ਬਣਾਈਆਂ। ਕਪਤਾਨ ਹਰਮਨਪ੍ਰੀਤ ਕੌਰ ਨੇ 121 ਗੇਂਦਾਂ 'ਚ 126 ਦੌੜਾਂ ਦੀ ਪਾਰੀ ਖੇਡੀ। ਹਰਮਨਪ੍ਰੀਤ ਕੌਰ ਨੂੰ 'ਪਲੇਅਰ ਆਫ਼ ਦ ਮੈਚ' ਐਲਾਨਿਆ ਗਿਆ।

ਲੜੀ ਦਾ ਤੀਜਾ ਅਤੇ ਆਖਰੀ ਮੈਚ, ਬੁੱਧਵਾਰ ਨੂੰ ਇਸੇ ਮੈਦਾਨ 'ਤੇ ਖੇਡਿਆ ਜਾਵੇਗਾ।

--------------------------------------------------

- 12ਵਾਂ ਬ੍ਰਿਕਸ ਸੰਸਦੀ ਸੰਮੇਲਨ ਅੱਜ ਨਵੀਂ ਦਿੱਲੀ ਵਿੱਚ ਸ਼ੁਰੂ ਹੋਵੇਗਾ- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵੱਖ-ਵੱਖ ਦੇਸ਼ਾਂ ਦੇ ਨੁਮਾਇੰਦਿਆਂ ਨਾਲ ਮੁਲਾਕਾਤ ਕਰਨਗੇ।

- ਵਿਦੇਸ਼ ਮੰਤਰੀ ਡਾ. ਐਸ. ਜੈਸ਼ੰਕਰ ਨੇ ਕਿਹਾ -ਦਹਿਸ਼ਤਗਰਦੀ ਨੂੰ ਸਰਕਾਰੀ ਨੀਤੀ ਦੇ ਸਾਧਨ ਵਜੋਂ ਇਸਤੇਮਾਲ ਕਰਨਾ ਪੂਰੀ ਤਰ੍ਹਾਂ ਅਸਵੀਕਾਰਨਯੋਗ ਏ ਅਤੇ ਇਸਨੂੰ ਕਿਸੇ ਵੀ ਤਰ੍ਹਾਂ ਜਾਇਜ਼ ਨਹੀਂ ਠਹਿਰਾਇਆ ਜਾ ਸਕਦਾ।

- ਇਸਰੋ ਦੇ ਚੇਅਰਮੈਨ ਵੀ. ਨਾਰਾਇਣਨ ਨੇ ਕਿਹਾ -ਭਾਰਤ ਸਾਲ 2029 ਤੱਕ, ਚਾਰ ਸਰਗਰਮ ਪਰੀਖਣ ਸਥਾਨਾਂ ਨਾਲ ਆਪਣੀਆਂ ਪੁਲਾੜ ਗਤੀਵਿਧੀਆਂ ਦਾ ਵੱਡੇ ਪੱਧਰ 'ਤੇ ਵਿਸਥਾਰ ਕਰੇਗਾ।

- ਪੰਜਾਬ ਸਮੇਤ ਦੇਸ਼ ਭਰ ਵਿੱਚ ਅੱਜ ਮਹਾਰਿਸ਼ੀ ਵਾਲਮੀਕਿ ਜੈਅੰਤੀ ਮਨਾਈ ਜਾ ਰਹੀ ਏ।

- ਮਹਿਲਾ ਕ੍ਰਿਕੇਟ ਵਿੱਚ, ਭਾਰਤ ਨੇ ਵਡੋਦਰਾ ਵਿੱਚ ਦੂਜੇ ਇੱਕ ਰੋਜ਼ਾ ਮੈਚ ਵਿੱਚ, ਜ਼ਿੰਬਾਬਵੇ ਨੂੰ 121 ਦੌੜਾਂ ਨਾਲ ਹਰਾ ਕੇ, ਤਿੰਨ ਮੈਚਾਂ ਦੀ ਲੜੀ ਵਿੱਚ 2-0 ਦੀ ਲੀਡ ਹਾਸਿਲ ਕੀਤੀ।

---------------------------------------------------------------

**ਇਸ ਦੇ ਨਾਲ ਹੀ ਰਾਸ਼ਟਰੀ ਖਬਰਾਂ ਦਾ ਇਹ ਬੁਲੇਟਿਨ ਖਤਮ ਹੁੰਦਾ ਏ। ਸਾਡਾ ਅਗਲਾ ਪ੍ਰਾਦੇਸ਼ਿਕ ਖਬਰਾਂ ਦਾ ਬੁਲੇਟਿਨ ਦੁਪਹਿਰ ਬਾਅਦ 1 ਵਜ ਕੇ 10 ਮਿੰਟ 'ਤੇ ਹੋਏਗਾ। ਨਮਸਕਾਰ!**